# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 18-07-2024**

ਕੇਂਦਰੀ ਜਾਂਚ ਬਿਊਰੋ CBI ਨੇ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਏਮਜ਼, ਪਟਨਾ ਦੇ ਤਿੰਨ ਮੈਡੀਕਲ ਵਿਦਿਆਰਥੀਆਂ ਨੂੰ, ਰਾਸ਼ਟਰੀ ਯੋਗਤਾ ਅਤੇ ਦਾਖਲਾ ਪ੍ਰੀਖਿਆ NEET ਅਤੇ ਅੰਡਰ-ਗ੍ਰੈਜੂਏਟ-UG ਪੇਪਰ ਲੀਕ ਮਾਮਲੇ ਵਿੱਚ ਪੁੱਛ-ਗਿੱਛ ਲਈ ਹਿਰਾਸਤ ਵਿੱਚ ਲਿਆ ਏ। ਉਨ੍ਹਾਂ ਦੇ ਮੋਬਾਈਲ ਫੋਨ ਅਤੇ ਲੈਪਟਾਪ ਜਾਂਚ ਏਜੰਸੀ ਨੇ ਜ਼ਬਤ ਕਰ ਲਏ ਨੇ। ਸਾਲ 2021 ਬੈਚ ਦੇ ਇਨ੍ਹਾਂ ਵਿਦਿਆਰਥੀਆਂ ਨੂੰ ਬੀਤੀ ਰਾਤ ਉਨ੍ਹਾਂ ਦੇ ਹੋਸਟਲ ਤੋਂ ਹਿਰਾਸਤ ਵਿਚ ਲਿਆ ਗਿਆ। ਇਸ ਤੋਂ ਬਾਅਦ ਕਿਸੇ ਅਣਪਛਾਤੀ ਥਾਂ 'ਤੇ ਲੰਮੀ ਪੁੱਛਗਿੱਛ ਕੀਤੀ ਗਈ। ਸਬੰਧਤ ਵਿਦਿਆਰਥੀਆਂ ਦੇ ਕਮਰੇ ਸੀਲ ਕਰ ਦਿੱਤੇ ਗਏ ਨੇ। ਇਸ ਤੋਂ ਪਹਿਲਾਂ ਬੀਤੇ ਮੰਗਲਵਾਰ ਨੂੰ ਪਟਨਾ ਅਤੇ ਹਜ਼ਾਰੀਬਾਗ ਤੋਂ ਦੋ ਮੁੱਖ ਮੁਲਜ਼ਮਾਂ

ਪੰਕਜ ਕੁਮਾਰ ਉਰਫ ਆਦਿਤਿਆ ਅਤੇ ਰਾਜੂ ਸਿੰਘ ਨੂੰ ਪੁੱਛਗਿੱਛ ਤੋਂ ਬਾਅਦ ਹਿਰਾਸਤ ਵਿਚ ਲਿਆ ਗਿਆ ਸੀ । CBI ਸੂਤਰਾਂ ਨੇ ਦੱਸਿਆ ਕਿ ਏਮਜ਼ ਦੇ ਵਿਦਿਆਰਥੀਆਂ ਨੇ ਨਾਲੰਦਾ ਦੇ ਸੰਜੀਵ ਕੁਮਾਰ ਸਿੰਘ ਉਰਫ਼ ਲੂਟਨ ਮੁਖੀਆ ਦੀ ਅਗਵਾਈ ਵਾਲੇ 'ਸੋਲਵਰ ਗੈਂਗ' ਦੇ ਮੈਂਬਰਾਂ ਦੀ ਹਜ਼ਾਰੀਬਾਗ ਤੋਂ ਪ੍ਰਾਪਤ ਸਵਾਲਾਂ ਨੂੰ ਹੱਲ ਕਰਨ ਵਿੱਚ ਮਦਦ ਕੀਤੀ ਸੀ।

-----------------------------------------------------

ਇਸ ਦੌਰਾਨ NEET UG ਪੇਪਰ ਲੀਕ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ ਵਲੋਂ ਜਾਂਚ ਅਤੇ ਸਰਵਉੱਚ ਅਦਾਲਤ ਵਲੋਂ ਸੁਣਵਾਈ ਕੀਤੇ ਜਾਣ 'ਤੇ ਲੋਕ ਕਾਫੀ ਸੰਤੁਸ਼ਟ ਨੇ । ਨੈਸ਼ਨਲ ਡੈਂਟਲ ਕਾਲਜ ਡੇਰਾਬੱਸੀ ਦੇ ਪ੍ਰੋਫੈਸਰ, ਡਾ: ਸੁਮਿਤ ਸ਼ਰਮਾ ਦਾ ਕਹਿਣਾ ਏ ਕਿ ਇਸ ਮਾਮਲੇ ਦੇ ਦੇ ਦੋਸ਼ੀਆਂ ਖ਼ਿਲਾਫ ਸਖਤ ਤੋਂ ਸਖਤ ਕਾਰਵਾਈ ਹੋਣੀ ਚਾਹੀਦੀ ਏ ।

-----------------------------------------------------

ਕੇਂਦਰ ਸਰਕਾਰ ਪ੍ਰਾਯੋਜਿਤ ਪ੍ਰੋਗਰਾਮ ‘ਉਲਾਸ’ ਨੂੰ ਪੰਜਾਬ ਵਿੱਚ ਹੇਠਲੇ ਪੱਧਰ ਤੱਕ ਲਾਗੂ ਕਰਨ ਲਈ, ਸਿੱਖਿਆ ਵਿਭਾਗ ਨੇ ਮੋਹਾਲੀ ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ। ਸੂਬੇ ਦੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਅਤੇ

ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾਵਾਂ ਦੇ ਵਿਦਿਆਰਥੀਆਂ ਤੇ ਸਟਾਫ ,ਨੇ ਇਸ ਵਿਚ ਹਿੱਸਾ ਲਿਆ । ਇਸ ਪ੍ਰੋਗਰਾਮ ਦੇ ਉਦੇਸ਼ਾਂ ਤੋਂ ਜਾਣੂ ਕਰਵਾਉਣ ਲਈ ਪ੍ਰਦਰਸ਼ਨੀਆਂ ਦਾ ਸਟਾਲ ਵੀ ਲਗਾਇਆ ਗਿਆ। ਲੈਕਚਰ ਤੇ ਪੈਨਲ ਚਰਚਾ ਰਾਹੀਂ ਸਮੁੱਚੇ ਪ੍ਰੋਗਰਾਮ ਦੇ ਉਦੇਸ਼ਾਂ ਅਤੇ ਟੀਚਿਆਂ ਬਾਰੇ ਚਰਚਾ ਕੀਤੀ ਗਈ ਅਤੇ ਦੱਸਿਆ ਗਿਆ ਕਿ ‘ਉਲਾਸ’ ਦਾ ਉਦੇਸ਼ ਰਾਸ਼ਟਰੀ ਸਿੱਖਿਆ ਨੀਤੀ 2020 ਦੀਆਂ ਸਿਫ਼ਾਰਸ਼ਾਂ ਨੂੰ ਪੂਰਾ ਕਰਨਾ ਏ, ਤਾਂ ਜੋ 15 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਉਨ੍ਹਾਂ ਬਾਲਗਾਂ ਲਈ ਸਿੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ, ਜਿਹੜੇ ਸਕੂਲੀ ਸਿੱਖਿਆ ਪ੍ਰਾਪਤ ਨਹੀਂ ਕਰ ਸਕੇ । ਉਲਾਸ ਕੋਆਰਡੀਨੇਟਰ ਸੁਰਿੰਦਰ ਕੁਮਾਰ ਨੇ, ਮੁੱਢਲੀ ਰਸਮੀ ਸਿੱਖਿਆ ਪ੍ਰਾਪਤ ਕਰਨ ਤੋਂ ਅਸਫ਼ਲ ਰਹਿਣ ਵਾਲੇ ਬਾਲਗਾਂ ਨੂੰ, ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣ ਦੇ ਯੋਗ ਬਣਾਉਣ ਦੀ ਜ਼ਰੂਰਤ ’ਤੇ ਜ਼ੋਰ ਦਿੱਤਾ, ਤਾਂ ਜੋ ਉਹ ਵੀ ਸਮਾਜ ਅਤੇ ਦੇਸ਼ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਸਕਣ । ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਨੇ ਬੁਬਲਾਨੀ ਅਤੇ ਵਿਸ਼ੇਸ਼

ਸਕੱਤਰ ਸਕੂਲ ਸਿੱਖਿਆ ਪਰਮਿੰਦਰ ਪਾਲ ਸਿੰਘ ਵੀ ਸਮਾਗਮ ਵਿਵਾਹ ਮੌਜੂਦ ਰਹੇ।

---------------------------------------------------

ਕੇਂਦਰ ਸਰਕਾਰ ਵਲੋਂ ਲੰਬੀ ਚਰਚਾ ਮਗਰੋਂ ਤਿਆਰ ਕੀਤੇ ਗਏ, ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023 ਲਾਗੂ ਹੋ ਗਏ ਨੇ। ਪਟਿਆਲਾ ਵਿਖੇ ਕਾਨੂੰਨ ਦੀ ਪੜ੍ਹਾਈ ਕਰ ਰਹੇ ਰਾਜਦੀਪ ਸਿੰਘ, ਇਹਨਾਂ ਕਾਨੂੰਨਾ ਦੀ ਸ਼ਲਾਘਾ ਕਰਦੇ ਨੇ।

---------------------------------------------------

ਦੁਨੀਆਂ ਦੀ ਸਭ ਤੋਂ ਵੱਡੀ ਸਹਿਕਾਰੀ ਸੰਸਥਾ ਇਫਕੋ ਵੱਲੋਂ, ਫਤਹਿਗੜ੍ਹ ਸਾਹਿਬ ਜ਼ਿਲੇ ਦੇ ਖਮਾਣੋਂ ਵਿਖੇ ਸਹਿਕਾਰੀ ਸਭਾਵਾਂ ਦੇ ਕਰਮਚਾਰੀਆਂ ਲਈ ਸਿਖਲਾਈ ਪ੍ਰੋਗਰਾਮ ਕੀਤਾ ਗਿਆ। ਜਿਸ ਵਿੱਚ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਹਰਪ੍ਰੀਤ ਕੌਰ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਇਸ ਮੌਕੇ ਇਫਕੋ ਦੇ ਜ਼ਿਲ੍ਹਾ ਅਧਿਕਾਰੀ ਹਿਮਾਂਸ਼ੂ ਜੈਨ ਨੇ ਦੱਸਿਆ ਕਿ ਇਫਕੋ ਵੱਲੋਂ, ਹੁਣ ਨੈਨੋ ਯੂਰੀਆ

ਪਲੱਸ, ਜਿਸ ਵਿੱਚ 20 ਫੀਸਦੀ ਨਾਇਟ੍ਰੋਜਨ ਏ, ਐਫ.ਸੀ.ਓ. ਵਿੱਚ ਸ਼ਾਮਲ ਕਰਵਾਉਣ ਮਗਰੋਂ ਕਿਸਾਨਾਂ ਨੂੰ ਵੰਡਿਆ ਜਾ ਚੁੱਕਾ ਏ। ਉਨ੍ਹਾਂ ਦੱਸਿਆ ਕਿ ਨੈਨੋ ਯੂਰੀਆ ਦੀ ਵਰਤੋਂ ਨਾਲ ਵਾਤਾਵਰਣ ਪ੍ਰਦੂਸ਼ਿਤ ਹੋਣ ਤੋਂ ਬਚ ਜਾਂਦਾ ਏ ਅਤੇ ਕਿਸਾਨਾਂ ਦੇ ਖੇਤੀ ਖਰਚੇ ਵੀ ਘਟਦੇ ਨੇ। ਉਨ੍ਹਾਂ ਇਹ ਵੀ ਦੱਸਿਆ ਕਿ ਕਿਸਾਨਾਂ ਦੀ ਸਹੂਲਤ ਲਈ ਜ਼ਿਲ੍ਹੇ ਵਿੱਚ ਸਪਰੇਅ ਕਰਵਾਉਣ ਵਾਸਤੇ ਖੇਤੀਬਾੜੀ ਡਰੋਨ ਦੀ ਸੁਵਿਧਾ ਵੀ ਇਫਕੋ ਵੱਲੋਂ ਉਪਲਬਧ ਕਰਵਾਈ ਜਾ ਰਹੀ ਏ ਅਤੇ ਡਰੋਨ ਨਾਲ ਸਪਰੇਅ ਕਰਵਾਉਣ ਵਾਸਤੇ ਕਿਸਾਨ ਮੋਬਾਇਲ ਐਪ ਇਫਕੋ ਕਿਸਾਨ ਉਦੇ ਰਾਹੀਂ ਅਪਲਾਈ ਕਰ ਸਕਦੇ ਨੇ। ਡਰੋਨ ਨਾਲ ਇੱਕ ਏਕੜ ਰਕਬੇ ਵਿੱਚ 7 ਮਿੰਟ ਅੰਦਰ ਸਪਰੇਅ ਕੀਤਾ ਜਾਂਦਾ ਏ ਅਤੇ ਇਹ ਬਹੁਤ ਹੀ ਵਾਜਬ ਭਾਅ ਤੇ ਮੁਹੱਈਆ ਕੀਤਾ ਜਾ ਰਿਹਾ ਏ।